




ਰੋਜ਼ਾਨਾ

# ਲੋਕ ਬਾਣੀ

ਸੱਚ ਤੇ ਨਿਡਰ ਆਵਾਜ਼

Email : Lokbani08@gmail.com

20 ਮਾਰਚ 2023

ਮੁੱਖ ਸੰਪਾਦਕ : - ਅਮਨ ਮਹਿਰਾ (ਜਲੰਧਰ)








R.N.I. /Punpun/29016/2008/ ● ਸਾਲ : 15 ● ਅੰਕ : 77 ● ਮੁੱਲ : 5.00 ਰੁਪਏ ● ਕੁੱਲ ਪੇਜ : 10 ● ਫੈਕਸ: 0181-2211009, 99155-94111


## ਹੁਣ ਆਸਟ੍ਰੇਲੀਆ ਨੇ ਕੀਤੀਆਂ ਪੰਜਾਬੀ ਵਿਦਿਆਰਥੀਆਂ ਦੀਆਂ ਵੀਜ਼ਾ ਅਰਜ਼ੀਆਂ ਰੱਦ

**ਕੇਨਬਰਾ/ਲੋਕ ਬਾਣੀ**



ਕੈਨੇਡਾ ਤੋਂ ਬਾਅਦ ਹੁਣ ਆਸਟ ?ਰੇਲੀਆ ਨੇ ਭਾਰਤੀ ਵਿਦਿਆਰਥੀਆਂ ਨੂੰ ਝਟਕਾ ਦਿੱਤਾ ਹੈ। ਆਸਟ੍ਰੇਲੀਆਈ ਅਧਿਕਾਰੀਆਂ ਅਤੇ ਯੂਨੀਵਰਸਿਟੀਆਂ ਕਥਿਤ ਤੌਰ 'ਤੇ ਭਾਰਤੀ ਰਾਜਾਂ ਪੰਜਾਬ ਅਤੇ ਹਰਿਆਣਾ ਦੇ ਵਿਦਿਆਰਥੀਆਂ ਦੀਆਂ ਅਰਜ਼ੀਆਂ ਨੂੰ ਰੱਦ ਕਰ ਰਹੇ ਹਨ। ਟਾਈਮਜ਼ ਹਾਇਰ ਐਜੂਕੇਸ਼ਨ ਦਾ ਹਵਾਲਾ ਦਿੰਦੇ ਹੋਏ ਦਿ ਆਸਟ੍ਰੇਲੀਅਨ ਟੂਡੇ ਨੇ ਇਹ ਜਾਣਕਾਰੀ ਦਿੱਤੀ। ਕੁਝ ਯੂਨੀਵਰਸਿਟੀਆਂ ਅਤੇ ਵੋਕੇਸ਼ਨਲ ਕੋਰਸ ਪ੍ਰਦਾਤਾਵਾਂ ਨੇ ਆਪਣੇ ਏਜੰਟਾਂ ਨੂੰ ਇਨ੍ਹਾਂ ਦੋ ਉੱਤਰੀ ਰਾਜਾਂ ਦੇ ਵਿਦਿਆਰਥੀਆਂ ਦੇ ਅਰਜ਼ੀ ਫਾਰਮ ਦੀ ਪ੍ਰਕਿਰਿਆ ਨੂੰ ਰੋਕਣ ਲਈ ਨਿਰਦੇਸ਼ ਦਿੱਤੇ ਹਨ। ਇੰਟਰਨੈਸ਼ਨਲ ਡੈਸਕ (ਬਿਊਰੋ): ਕੈਨੇਡਾ ਤੋਂ ਬਾਅਦ ਹੁਣ ਆਸਟ੍ਰੇਲੀਆ ਨੇ ਭਾਰਤੀ ਵਿਦਿਆਰਥੀਆਂ ਨੂੰ ਝਟਕਾ ਦਿੱਤਾ ਹੈ। ਆਸਟ੍ਰੇਲੀਆਈ ਅਧਿਕਾਰੀਆਂ ਅਤੇ ਯੂਨੀਵਰਸਿਟੀਆਂ ਕਥਿਤ ਤੌਰ 'ਤੇ ਭਾਰਤੀ ਰਾਜਾਂ ਪੰਜਾਬ ਅਤੇ ਹਰਿਆਣਾ ਦੇ ਵਿਦਿਆਰਥੀਆਂ ਦੀਆਂ ਅਰਜ਼ੀਆਂ ਨੂੰ ਰੱਦ ਕਰ ਰਹੇ ਹਨ। ਟਾਈਮਜ਼ ਹਾਇਰ ਐਜੂਕੇਸ਼ਨ ਦਾ ਹਵਾਲਾ ਦਿੰਦੇ ਹੋਏ ਦਿ ਆਸਟ ?ਰੇਲੀਅਨ ਟੂਡੇ ਨੇ ਇਹ ਜਾਣਕਾਰੀ ਦਿੱਤੀ। ਕੁਝ ਯੂਨੀਵਰਸਿਟੀਆਂ ਅਤੇ ਵੋਕੇਸ਼ਨਲ ਕੋਰਸ ਪ੍ਰਦਾਤਾਵਾਂ ਨੇ ਆਪਣੇ ਏਜੰਟਾਂ ਨੂੰ ਇਨ੍ਹਾਂ ਦੋ ਉੱਤਰੀ ਰਾਜਾਂ ਦੇ ਵਿਦਿਆਰਥੀਆਂ ਦੇ ਅਰਜ਼ੀ ਫਾਰਮ ਦੀ ਪ੍ਰਕਿਰਿਆ ਨੂੰ ਰੋਕਣ ਲਈ ਨਿਰਦੇਸ਼ ਦਿੱਤੇ ਹਨ।

## ਸਲਮਾਨ ਖਾਨ ਨੂੰ ਧਮਕੀ ਭਰਿਆ ਈ-ਮੇਲ

**ਮੁੰਬਈ/ਲੋਕ ਬਾਣੀ**

ਬਾਲੀਵੁੱਡ ਸਟਾਰ ਸਲਮਾਨ ਖਾਨ ਨੂੰ ਧਮਕੀ ਭਰੀ ਈਮੇਲ ਭੇਜੀ ਗਈ ਹੈ। ਇਹ ਈਮੇਲ 18 ਮਾਰਚ ਨੂੰ ਆਈ ਸੀ। ਇਸ ਵਿੱਚ ਸਲਮਾਨ ਖਾਨ ਨੂੰ ਕਿਹਾ ਗਿਆ ਸੀ ਕਿ ਗੋਲਡੀ ਬਰਾੜ ਨੇ ਉਨ੍ਹਾਂ ਨਾਲ ਗੱਲ ਕਰਨੀ ਹੈ। ਸਲਮਾਨ ਖਾਨ ਦੇ ਮੈਨੇਜਰ ਪ੍ਰਸ਼ਾਂਤ ਗੁੰਜਾਲਕਰ ਦੀ ਸ਼ਿਕਾਇਤ 'ਤੇ ਮੁੰਬਈ ਪੁਲਿਸ ਨੇ ਐਤਵਾਰ (19 ਮਾਰਚ) ਨੂੰ ਗੈਂਗਸਟਰ ਗੋਲਡੀ ਬਰਾੜ ਅਤੇ ਲਾਰੈਂਸ ਬਿਸ਼ਨੋਈ ਦੇ ਖਿਲਾਫ ਆਈਪੀਸੀ ਦੀ ਧਾਰਾ 120 (ਬੀ), 34 ਅਤੇ 506 (2) ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਮੋਹਿਤ ਗਰਗ ਦੀ ਆਈਡੀ ਤੋਂ ਭੇਜੀ ਗਈ ਈਮੇਲ ਵਿੱਚ ਕਿਹਾ ਗਿਆ ਹੈ ਕਿ ਗੋਲਡੀ ਭਾਈ (ਗੋਲਡੀ ਬਰਾੜ) ਨੇ ਤੁਹਾਡੇ ਬੌਸ ਸਲਮਾਨ ਖਾਨ ਨਾਲ ਗੱਲ ਕਰਨੀ ਹੈ।



## 31 ਮਾਰਚ ਤੋਂ ਪਹਿਲਾਂ ਪੈਨ ਨੂੰ ਆਧਾਰ ਨਾਲ ਲਿੰਕ ਕਰਨਾ ਜ਼ਰੂਰੀ



**ਦਿੱਲੀ/ਕਪੂਰ**

ਨਵਾਂ ਵਿੱਤੀ ਸਾਲ 1 ਅਪ੍ਰੈਲ 2023 ਤੋਂ ਸ਼ੁਰੂ ਹੋਵੇਗਾ। ਅਜਿਹੇ 'ਚ ਨਵੇਂ ਵਿੱਤੀ ਸਾਲ (ਵਿੱਤੀ ਸਾਲ 2023-24) ਦੀ ਸ਼ੁਰੂਆਤ ਤੋਂ ਪਹਿਲਾਂ ਅਜਿਹੇ ਵਿੱਤੀ ਕੰਮ ਹਨ, ਜਿਨ੍ਹਾਂ ਨੂੰ 31 ਮਾਰਚ ਤੱਕ ਪੂਰਾ ਕਰਨਾ ਬਹੁਤ ਜ਼ਰੂਰੀ ਹੈ। ਨਵਾਂ ਵਿੱਤੀ ਸਾਲ 1 ਅਪ੍ਰੈਲ 2023 ਤੋਂ ਸ਼ੁਰੂ ਹੋਵੇਗਾ। ਅਜਿਹੇ 'ਚ ਨਵੇਂ ਵਿੱਤੀ ਸਾਲ (ਵਿੱਤੀ ਸਾਲ 2023-24) ਦੀ ਸ਼ੁਰੂਆਤ ਤੋਂ ਪਹਿਲਾਂ ਅਜਿਹੇ ਵਿੱਤੀ ਕੰਮ ਹਨ, ਜਿਨ੍ਹਾਂ ਨੂੰ 31 ਮਾਰਚ ਤੱਕ ਪੂਰਾ ਕਰਨਾ ਬਹੁਤ ਜ਼ਰੂਰੀ ਹੈ।

## ਲੱਖਾਂ ਕਿਸਾਨਾਂ ਦਾ ਦਿੱਲੀ ਹੋ ਰਿਹਾ ਇਕੱਠ

**ਦਿੱਲੀ/ਕਪੂਰ**

ਸੰਯੁਕਤ ਕਿਸਾਮ ਮੋਰਚਾ ਨੇ ਐਤਵਾਰ ਨੂੰ ਕਿਹਾ ਕਿ ਦਿੱਲੀ ਦੇ ਰਾਮਲੀਲਾ ਮੈਦਾਨ ਵਿਚ 20 ਮਾਰਚ ਨੂੰ ਹੋਣ ਵਾਲੀ 'ਕਿਸਾਨ ਮਹਾਪੰਚਾਇਤ' ਵਿਚ ਹਿੱਸਾ ਲੈਣ ਲਈ ਪੂਰੇ ਦੇਸ਼ ਦੇ ਲੱਖਾਂ ਕਿਸਾਨਾਂ ਨੇ ਕੌਮੀ ਰਾਜਧਾਨੀ ਵੱਲ ਕੂਚ ਕੀਤਾ ਹੈ। ਵੱਖ-ਵੱਖ ਕਿਸਾਨ ਸੰਗਠਨਾਂ ਦੇ ਸਾਂਝੇ ਮੰਚ ਐੱਸ.ਕੇ.ਐੱਮ. ਨੇ ਪਿਛਲੇ ਮਹੀਨੇ ਦੱਸਿਆ ਸੀ ਕਿ 'ਕਿਸਾਨ ਮਹਾਪੰਚਾਇਤ' ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ (ਐੱਮ.ਐੱਸ.ਪੀ.) ਦੀ ਕਾਨੂੰਨੀ ਗਰੰਟੀ ਨੂੰ ਲੈ ਕੇ ਦਬਾਅ ਬਣਾਉਣ ਲਈ ਬੁਲਾਈ ਗਈ ਹੈ। ਐੱਸ.ਕੇ.ਐੱਮ. ਨੇ ਇਕ ਬਿਆਨ ਵਿਚ ਕਿਹਾ ਕਿ ਵੱਖ-ਵੱਖ ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਲੱਖਾਂ ਕਿਸਾਨ 20 ਮਾਰਚ ਨੂੰ ਦਿੱਲੀ ਵਿਚ ਹੋਣ ਵਾਲੀ ਇਸ ਮਹਾਪੰਚਾਇਤ ਵਿਚ ਹਿੱਸਾ ਲੈਣ ਆ ਰਹੇ ਹਨ।

## 3 ਕਿੱਲੋ ਹੈਰੋਇਨ ਬਰਾਮਦ

**ਅਜਨਾਲਾ/ਲੋਕ ਬਾਣੀ**

ਭਾਰਤ ਪਾਕਿਸਤਾਨ ਸਰਹੱਦ ਤੋਂ ਥੋੜੀ ਦੂਰ ਸਥਿਤ ਪਿੰਡ ਸਾਹੋਵਾਲ ਨੇੜਿਉਂ ਖੇਤਾਂ ਵਿਚੋਂ ਬੀ.ਐਸ.ਐਫ. 183 ਬਟਾਲੀਅਨ ਤੇ ਐਨ.ਸੀ.ਬੀ. ਵਲੋਂ ਸਾਂਝੇ ਅਪ੍ਰੇਸ਼ਨ ਦੌਰਾਨ 3 ਕਿੱਲੋ ਹੈਰੋਇਨ ਬਰਾਮਦ ਕੀਤੀ ਗਈ ਹੈ ।

## ਨੇਪਾਲ ਬਾਰਡਰ ਤੋਂ ਲਾਵਾਰਿਸ ਕਾਰ 'ਚੋਂ ਮਿਲੀ 20 ਕਰੋੜ ਦੀ ਚਰਸ

**ਉੱਤਰ ਪ੍ਰਦੇਸ਼/ਲੋਕ ਬਾਣੀ**

ਬਹਿਰਾਈਚ ਜ਼ਿਲ੍ਹੇ ਵਿਚ ਨੇਪਾਲ ਦੇ ਨਾਲ ਲਗਦੇ ਸਰਹੱਦੀ ਇਲਾਕੇ ਰੁਪਈਡੀਹਾ ਖੇਤਰ ਵਿਚ ਪੁਲਸ ਨੇ ਇਕ ਲਾਵਾਰਿਸ ਕਾਰ 'ਚੋਂ ਤਕਰੀਬਨ 20 ਕਰੋੜ ਰੁਪਏ ਕੀਮਤ ਦੀ ਚਰਸ ਬਰਾਮਦ ਕੀਤੀ ਹੈ। ਪੁਲਸ ਨੇ ਐਤਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਸ ਸੁਪਰਡੰਟ ਪ੍ਰਸ਼ਾਂਤ ਵਰਮਾ ਨੇ ਦੱਸਿਆ ਕਿ ਸ਼ਨੀਵਾਰ ਦੇਰ ਸ਼ਾਮ ਪੁਲਸ ਤੇ ਐੱਸ.ਐੱਸ.ਬੀ. ਦੀ ਸਾਂਝੀ ਟੀਮ ਨੂੰ ਉੱਤਰਾਖੰਡ ਨੰਬਰ ਵਾਲੀ ਇਕ ਕਾਰ ਸ਼ੱਕੀ ਹਾਲਤ ਵਿਚ ਖੜ੍ਹੀ ਮਿਲੀ।

## ਜੰਮੂ-ਕਸ਼ਮੀਰ 'ਚ 500 ਕਰੋੜ ਦਾ ਨਿਵੇਸ਼ ਕਰੇਗੀ ਐਮਾਰ ਕੰਪਨੀ

**ਸ੍ਰੀਨਗਰ/ਲੋਕ ਬਾਣੀ**

ਦੁਬਈ ਸਥਿਤ ਬੁਰਜ ਖਲੀਫਾ ਬਣਾਉਣ ਵਾਲੀ ਕੰਪਨੀ ਐਮਾਰ ਜੰਮੂ-ਕਸ਼ਮੀਰ ਵਿਚ 500 ਕਰੋੜ ਰੁਪਏ ਦਾ ਨਿਵੇਸ਼ ਕਰੇਗੀ। ਕੰਪਨੀ ਨੇ ਐਤਵਾਰ ਨੂੰ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਪਹਿਲੇ ਵਿਦੇਸ਼ੀ ਸਿੱਧੇ ਨਿਵੇਸ਼ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ। ਇਸ ਪ੍ਰਾਜੈਕਟ ਤਹਿਤ ਸ੍ਰੀਨਗਰ ਦੇ ਬਾਹਰਵਾਰ ਇੱਕ ਸ਼ਾਪਿੰਗ ਮਾਲ ਅਤੇ ਬਹੁਮੰਜ਼ਿਲਾ ਇਮਾਰਤ ਦਾ ਨਿਰਮਾਣ ਕੀਤਾ ਜਾਵੇਗਾ। ਘਾਟੀ ਵਿੱਚ ਨੀਂਹ ਪੱਥਰ ਰੱਖਣ ਦੇ ਸਮਾਗਮ ਦੌਰਾਨ ਕੇਂਦਰ ਸ਼ਾਸਤ ਪ੍ਰਦੇਸ਼ ਦੇ ਲੈਫਟੀਨੈਂਟ ਗਵਰਨਰ ਮਨੋਜ ਸਿਨਹਾ ਨੇ ਕਿਹਾ ਕਿ 500 ਕਰੋੜ ਰੁਪਏ ਦੇ ਇਸ ਪ੍ਰੋਜੈਕਟ ਵਿੱਚ 10,000 ਤੋਂ ਵੱਧ ਲੋਕਾਂ ਨੂੰ ਰੁਜ਼ਗਾਰ ਮੁਹੱਈਆ ਕਰਾਉਣ ਦੀ ਸਮਰੱਥਾ ਹੈ। ਕੇਂਦਰ ਵੱਲੋਂ 2019 ਵਿੱਚ ਧਾਰਾ 370 ਨੂੰ ਖ਼ਤਮ ਕਰਨ ਤੋਂ ਬਾਅਦ ਜੰਮੂ-ਕਸ਼ਮੀਰ ਵਿੱਚ ਇਹ ਪਹਿਲਾ ਐਫਡੀਆਈ ਪ੍ਰੋਜੈਕਟ ਹੈ। ਨੀਂਹ ਪੱਥਰ ਸਮਾਗਮ ਵਿੱਚ ਐਮਾਰ ਗਰੁੱਪ ਦੇ ਸੀਈਓ ਅਮਿਤ ਜੈਨ, ਬਾਲੀਵੁੱਡ ਅਭਿਨੇਤਾ ਵਿਵੇਕ ਓਬਰਾਏ ਅਤੇ ਅਦਾਕਾਰਾ ਨੀਤੂ ਚੰਦਰਾ ਮੌਜੂਦ ਸਨ।

## ਦਿੱਲੀ 'ਚ ਬ੍ਰਿਟਿਸ਼ ਡਿਪਲੋਮੈਟ ਤਲਬ

**ਦਿੱਲੀ/ਕਪੂਰ**

ਲੰਡਨ 'ਚ ਇੱਕ ਵਿਰੋਧ ਪ੍ਰਦਰਸ਼ਨ ਦੌਰਾਨ ਕੁਝ ਖਾਲਿਸਤਾਨੀ ਤੱਤਾਂ ਵੱਲੋਂ ਭਾਰਤੀ ਹਾਈ ਕਮਿਸ਼ਨ 'ਚ ਭਾਰਤੀ ਝੰਡਾ ਉਤਾਰਨ ਦੀਆਂ ਖ਼ਬਰਾਂ ਨੂੰ ਲੈ ਕੇ ਭਾਰਤ ਨੇ ਐਤਵਾਰ ਰਾਤ ਨੂੰ ਦਿੱਲੀ 'ਚ ਸਭ ਤੋਂ ਸੀਨੀਅਰ ਬ੍ਰਿਟਿਸ਼ ਡਿਪਲੋਮੈਟ ਨੂੰ ਤਲਬ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਵਿਦੇਸ਼ ਮੰਤਰਾਲੇ ਨੇ ਭਾਰਤੀ ਦੂਤਾਵਾਸ ਵਿੱਚ ਕਥਿਤ ਘਟਨਾ ਨੂੰ ਲੈ ਕੇ ਡਿਪਲੋਮੈਟ ਨੂੰ ਸਖ਼ਤ ਸੰਦੇਸ਼ ਦਿੱਤਾ ਹੈ। ਯੂਕੇ ਹਾਈ ਕਮਿਸ਼ਨ ਦੇ ਉਪ ਮੁਖੀ ਨੂੰ ਵਿਦੇਸ਼ ਮੰਤਰਾਲੇ ਨੇ ਤਲਬ ਕੀਤਾ ਹੈ ਕਿਉਂਕਿ ਹਾਈ ਕਮਿਸ਼ਨਰ ਐਲੇਕਸ ਐਲਿਸ ਦਿੱਲੀ ਤੋਂ ਬਾਹਰ ਹਨ। ਇਸ ਦੌਰਾਨ ਵਿਦੇਸ਼ ਮੰਤਰਾਲੇ ਦਾ ਅਧਿਕਾਰਤ ਬਿਆਨ ਵੀ ਸਾਹਮਣੇ ਆਇਆ ਹੈ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਬ੍ਰਿਟਿਸ਼ ਡਿਪਲੋਮੈਟ ਨੂੰ ਅੱਜ ਦੇਰ ਸ਼ਾਮ ਲੰਡਨ ਵਿੱਚ ਭਾਰਤੀ ਹਾਈ ਕਮਿਸ਼ਨ ਦੇ ਖਿਲਾਫ ਵੱਖਵਾਦੀ ਅਤੇ ਕੱਟੜਪੰਥੀ ਤੱਤਾਂ ਵੱਲੋਂ ਭਾਰਤੀ ਝੰਡੇ ਨੂੰ ਉਤਾਰੇ ਜਾਣ ਦੀ ਘਟਨਾ 'ਤੇ ਭਾਰਤ ਦਾ ਸਖ਼ਤ ਵਿਰੋਧ ਪ੍ਰਗਟਾਉਣ ਲਈ ਤਲਬ ਕੀਤਾ ਗਿਆ ਸੀ।

## ਸੱਬਲ ਮਾਰ-ਮਾਰ ਵਿਅਕਤੀ ਦਾ ਕਤਲ



**ਤਰਨਤਾਰਨ/ਲੋਕ ਬਾਣੀ**

ਜ਼ਿਲ੍ਹੇ ਦੇ ਪਿੰਡ ਡਿਆਲ ਰਾਜਪੂਤਾਂ ਵਿਖੇ ਇਕ ਵਿਅਕਤੀ ਨੂੰ ਆਪਣੇ ਘਰ ਬੁਲਾ ਕੇ ਉਸ ਦਾ ਲੋਹੇ ਦੀ ਸੱਬਲ ਨਾਲ ਵਾਰ ਕਰਕੇ ਕਤਲ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਬਾਬਤ ਥਾਣਾ ਸਦਰ ਤਰਨਤਾਰਨ ਦੀ ਪੁਲਸ ਵਲੋਂ ਮੁਲਜ਼ਮ ਖ਼ਿਲਾਫ ਕਤਲ ਦਾ ਮਾਮਲਾ ਦਰਜ ਕਰਦੇ ਹੋਏ ਗ੍ਰਿਫ਼ਤਾਰੀ ਲਈ ਭਾਲ ਸ਼ੁਰੂ ਕਰ ਦਿੱਤੀ ਗਈ ਹੈ। ਥਾਣਾ ਸਦਰ ਤਰਨਤਾਰਨ ਦੀ ਪੁਲਸ ਨੂੰ ਦਿੱਤੀ ਗਈ ਦਰਖਾਸਤ ਵਿਚ ਅਮਰਜੀਤ ਕੌਰ ਪਤਨੀ ਜਿਊਣ ਸਿੰਘ ਵਾਸੀ ਡਿਆਲ ਰਾਜਪੂਤਾਂ ਨੇ ਦੱਸਿਆ ਕਿ ਉਸ ਦਾ ਪਤੀ ਜਿਊਣ ਸਿੰਘ (60) ਬੀਤੀ 18 ਫਰਵਰੀ ਦੀ ਦੁਪਹਿਰ ਨੂੰ ਘਰ ਵਿਚ ਮੌਜੂਦ ਸੀ, ਜਿਸ ਨੂੰ ਸੁਖਦੇਵ ਸਿੰਘ ਉਰਫ ਸੁੱਖਾ ਪੁੱਤਰ ਹਰਬੰਸ ਸਿੰਘ ਆਪਣੇ ਘਰ ਬੁਲਾ ਕੇ ਲੈ ਗਿਆ।


